**ਪ੍ਰੈਸ ਨੋਟ**

ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ "ਸਰਕਾਰ ਤੁਹਾਡੇ ਦੁਆਰ" ਮਹਿਮ ਤਹਿਤ ਲੋਕਾਂ ਦੀਆਂ ਮੁਸ਼ਕਲਾਂ ਸੁਣ ਮੌਕੇ ਤੇ ਕੀਤਾ ਜਾ ਰਿਹਾ ਹੈ ਨਿਪਟਾਰਾ

ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀਆਂ ਹਦਾਇਤਾਂ ਤਹਿਤ ਲੋਕਾਂ ਨੂੰ ਦਫਤਰਾਂ ਦੀ ਵਾਧੂ ਖੱਜਲ ਖੁਆਰੀ ਤੋਂ ਰਾਹਤ ਦਵਾਉਣ ਦੇ ਹਿੱਤ ਲਈ "ਸਰਕਾਰ ਤੁਹਾਡੇ ਦੁਆਰ" ਮੁਹਿਮ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਦੀਆਂ ਹਦਾਇਤਾਂ ਤਹਿਤ ਪੁਲਿਸ ਵੱਲੋਂ ਸਿਵਲ ਪ੍ਰਸ਼ਾਸਨ ਨਾਲ ਇੱਕਜੁੱਟ ਹੋ ਕੇ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਮੌਕੇ ਤੇ ਹੱਲ ਕਰਨ ਲਈ ਜਿਲਾ ਦੇ ਵੱਖ-ਵੱਖ ਪਿੰਡਾਂ/ਵਾਰਡਾਂ ਵਿੱਚ ਕੈਂਪ ਰੱਖਦੇ ਹੋਏ ਮਹੀਨਾ ਭਰ ਦਾ ਸ਼ੈਡਿਊਲ ਤਿਆਰ ਕੀਤਾ ਗਿਆ ਹੈ। ਇਸ ਮੁਹਿੰਮ ਤਹਿਤ ਪ੍ਰਸ਼ਾਸਨ ਵੱਲੋਂ ਰੋਜ਼ਾਨਾ ਵੱਖ-ਵੱਖ ਕੈਂਪ ਵਿੱਚ ਆਮ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਸੁਣ ਕੇ ਮੌਕੇ ਤੇ ਨਿਪਟਾਰਾ ਕੀਤਾ ਜਾਵੇਗਾ।ਸ੍ਰੀ ਕੰਵਲਪ੍ਰੀਤ ਸਿੰਘ ਚਾਹਲ ਐਸ.ਪੀ ਹੈੱਡਕੁਆਟਰ/ਡੀ.ਸੀ.ਪੀ.ਓ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਮਿਤੀ **06.02.2024** ਨੂੰ ਜਿਲਾ ਸਾਂਝ ਕੇਂਦਰ ਪੁਲਿਸ ਸਟਾਫ ਵੱਲੋਂ **14** ਕੈਂਪ ਅਲੱਗ ਅਲੱਗ ਪਿੰਡਾਂ ਅਤੇ ਵਾਰਡਾਂ ਵਿੱਚ ਲਗਾਏ ਗਏ, ਇਹਨਾਂ ਕੈਂਪਾਂ ਵਿੱਚ ਲੋਕਾਂ ਵੱਲੋਂ ਆਪਣੀਆਂ ਮੁਸ਼ਕਲਾਂ ਅਤੇ ਆਨਲਾਈਨ ਵੈਰੀਫਿਕੇਸ਼ਨ ਦਾ ਮੌਕੇ ਪਰ ਨਿਪਟਾਰਾ ਕੀਤਾ ਗਿਆ । ਉਹਨਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਪੂਰੇ ਮਹੀਨੇ ਦੌਰਾਨ ਪ੍ਰਸ਼ਾਸਨ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਪਹੁੰਚ ਕੇ ਲੋਕਾਂ ਦੀ ਸ਼ਿਕਾਇਤਾਂ ਤੇ ਮੁਸ਼ਕਿਲ ਨੂੰ ਸੁਣ ਕੇ ਮੌਕੇ ਪਰ ਹੀ ਨਿਪਟਾਰਾ ਕੀਤਾ ਜਾਵੇਗਾ ਅਤੇ ਲੋਕਾਂ ਨੂੰ ਸਾਂਝ ਕੇਂਦਰ ਦੀਆਂ ਸੇਵਾਵਾਂ ਬਾਰੇ ਜਾਣੂ ਕਰਵਾਇਆ ਜਾਵੇਗਾ ਤਾਂ ਜੋ ਲੋਕਾਂ ਨੂੰ ਦਫਤਰਾਂ ਅੰਦਰ ਵਾਧੂ ਖੱਜਲ ਖ਼ੁਆਰੀ ਤੋ ਰਾਹਤ ਮਿਲ ਸਕੇ ।